ਕਲਿਆਨ ਮਹਲਾ ੫ ॥ ਪ੍ਰਾਨਪਤਿ ਦਇਆਲ ਪੁਰਖ ਪ੍ਰਭ ਸਖੇ ॥ ਗਰਭ ਜੋਨਿ ਕਲਿ ਕਾਲ ਜਾਲ ਦੁਖ ਬਿਨਾਸਨੁ ਹਰਿ ਰਖੇ ॥੧॥ ਰਹਾਉ ॥ ਨਾਮ ਧਾਰੀ ਸਰਨਿ ਤੇਰੀ ॥ ਪ੍ਰਭ ਦਇਆਲ ਟੇਕ ਮੇਰੀ ॥ ੧॥ ਅਨਾਥ ਦੀਨ ਆਸਵੰਤ ॥ ਨਾਮੁ ਸੁਆਮੀ ਮਨਹਿ ਮੰਤ ॥੨॥ ਤੁਝ ਬਿਨਾ ਪ੍ਰਭ ਕਿਛੂ ਨ ਜਾਨੂ ॥ ਸਰਬ ਜੁਗ ਮਹਿ ਤੁਮ ਪਛਾਨੂ ॥ ੩॥ ਹਰਿ ਮਨਿ ਬਸੇ ਨਿਸਿ ਬਾਸਰੋ ॥ ਗੋਬਿੰਦ ਨਾਨਕ ਆਸਰੋ ॥੪॥੪॥੭॥ {ਪੰਨਾ 1322}

ਪਦ ਅਰਥ:- ਪ੍ਰਾਨਪਤਿ—ਹੇ ਜਿੰਦ ਦੇ ਮਾਲਕ! ਦਇਆਲ ਪੁਰਖ—ਹੇ ਦਇਆ ਦੇ ਘਰ ਅਕਾਲ ਪੁਰਖ! ਸਖੇ—ਹੇ ਮਿੱਤਰ! ਕਾਲ—ਮੌਤ, ਆਤਮਕ ਮੌਤ। ਕਾਲ ਜਾਲ—ਆਤਮਕ ਮੌਤ ਲਿਆਉਣ ਵਾਲੀਆਂ ਫਾਹੀਆਂ। ਰਖੇ—ਰਾਖਾ।1। ਰਹਾਉ।

ਧਾਰੀ—ਧਾਰਨ ਵਾਲਾ। ਨਾਮ ਧਾਰੀ—ਤੇਰੇ ਨਾਮ ਦਾ ਧਾਰਨੀ, ਤੇਰੇ ਨਾਮ ਨੂੰ ਮਨ ਵਿਚ ਵਸਾਈ ਰੱਖਣ ਵਾਲਾ। ਪ੍ਰਭ—ਹੇ ਪ੍ਰਭੂ! ਟੇਕ—ਸਹਾਰਾ।1।

ਅਨਾਥ—ਨਿਮਾਣੇ। ਦੀਨ—ਗਰੀਬ। ਆਸਵੰਤ—(ਤੇਰੇ ਸਹਾਰੇ ਦੀ) ਆਸ ਰੱਖਣ ਵਾਲੇ। ਸੁਆਮੀ—ਹੇ ਸੁਆਮੀ! ਮਨਹਿ—ਮਨ ਵਿਚ। ਮੰਤ—ਮੰਤ੍ਰ, ਉਪਦੇਸ਼।2।

ਪ੍ਰਭ—ਹੇ ਪ੍ਰਭੂ! ਜਾਨੂ—ਮੈਂ ਨਹੀਂ ਜਾਣਦਾ। ਪਛਾਨੂ—ਮਿੱਤਰ।3।

ਮਨਿ—ਮਨ ਵਿਚ। ਨਿਸਿ—ਰਾਤ। ਬਾਸਰੋ—ਦਿਨ।4।

ਅਰਥ:- ਹੇ (ਜੀਵਾਂ ਦੀ) ਜਿੰਦ ਦੇ ਮਾਲਕ! ਹੇ ਦਇਆ ਦੇ ਘਰ ਪੁਰਖ ਪ੍ਰਭੂ! ਹੇ ਮਿੱਤਰ! ਹੇ ਹਰੀ! ਤੂੰ ਹੀ ਗਰਭ-ਜੋਨਿ ਦਾ ਨਾਸ ਕਰਨ ਵਾਲਾ ਹੈਂ (ਜੂਨਾਂ ਦੇ ਗੇੜ ਵਿਚੋਂ ਕੱਢਣ ਵਾਲਾ ਹੈਂ), ਤੂੰ ਹੀ ਝਗੜੇ ਕਲੇਸ਼ਾਂ ਦਾ ਨਾਸ ਕਰਨ ਵਾਲਾ ਹੈਂ, ਤੂੰ ਹੀ ਆਤਮਕ ਮੌਤ ਲਿਆਉਣ ਵਾਲੀਆਂ ਮੋਹ ਦੀਆਂ ਫਾਹੀਆਂ ਕੱਟਣ ਵਾਲਾ ਹੈਂ, ਤੂੰ ਹੀ ਦੁੱਖਾਂ ਦਾ ਨਾਸ ਕਰਨ ਵਾਲਾ ਹੈਂ, ਤੂੰ ਹੀ ਰਾਖਾ ਹੈਂ।1। ਰਹਾਉ।

ਹੇ ਦਇਆਲ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, (ਮਿਹਰ ਕਰ, ਮੈਂ ਤੇਰਾ) ਨਾਮ (ਆਪਣੇ ਅੰਦਰ) ਵਸਾਈ ਰੱਖਾਂ, ਮੈਨੂੰ ਇਕ ਤੇਰਾ ਹੀ ਸਹਾਰਾ ਹੈ।1।

ਹੇ ਸੁਆਮੀ! ਨਿਮਾਣੇ ਤੇ ਗਰੀਬ (ਇਕ ਤੇਰੀ ਹੀ ਸਹਾਇਤਾ ਦੀ) ਆਸ ਰੱਖਦੇ ਹਨ। (ਮਿਹਰ ਕਰ, ਤੇਰਾ) ਨਾਮ-ਮੰਤ੍ਰ (ਮੇਰੇ) ਮਨ ਵਿਚ (ਟਿਕਿਆ ਰਹੇ)।2।

ਹੇ ਪ੍ਰਭੂ! ਤੇਰੀ ਸਰਨ ਪਏ ਰਹਿਣ ਤੋਂ ਬਿਨਾ ਮੈਂ ਹੋਰ ਕੁਝ ਭੀ ਨਹੀਂ ਜਾਣਦਾ। ਸਾਰੇ ਜੁਗਾਂ ਵਿਚ ਤੂੰ ਹੀ (ਅਸਾਂ ਜੀਵਾਂ ਦਾ) ਮਿੱਤਰ ਹੈਂ।3।

ਹੇ ਹਰੀ! ਦਿਨ ਰਾਤ (ਮੇਰੇ) ਮਨ ਵਿਚ ਟਿਕਿਆ ਰਹੁ। ਹੇ ਗੋਬਿੰਦ! ਤੂੰ ਹੀ ਨਾਨਕ ਦਾ ਆਸਰਾ ਹੈਂ।4। 4।7।